''ਸਵੱਛਤਾ ਹੀ ਸੇਵਾ ਅਭਿਆਨ'' ਪੰਦਰਵਾੜਾ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਵੱਡੇ ਪੱਧਰ 'ਤੇ ਕੀਤੀ ਗਈ ਮਾਸ ਨਿਗਰਾਨੀ

ਖੁੱਲੇ ਵਿੱਚ ਪਖਾਨੇ ਜਾਂਦੇ ਲੋਕਾਂ ਦੀਆਂ ਲਿਸਟਾਂ ਕੀਤੀਆ ਗਈਆ ਤਿਆਰ

ਤਰਨਤਾਰਨ, 22 ਸਤੰਬਰ :

ਜ਼ਿਲ੍ਹਾ ਤਰਨਤਾਰਨ ਦੇ ਪਿੰਡਾਂ ਨੂੰ ਖੁੱਲੇ ਤੋਂ ਸ਼ੌਚ ਮੁਕਤ ਕਰਨ ਲਈ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਰਹਿਨੁਮਾਈ ਹੇਠ ਚਲਾਏ ਜਾ ਰਹੇ ''ਸਵੱਛਤਾ ਹੀ ਸੇਵਾ ਅਭਿਆਨ'' ਪੰਦਰਵਾੜਾ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਵੱਡੇ ਪੱਧਰ 'ਤੇ ਮਾਸ ਨਿਗਰਾਨੀ ਕੀਤੀ ਗਈ। ਇਸ ਦੌਰਾਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਰਮਚਾਰੀਆਂ ਦੀਆ ਵੱਖ-ਵੱਖ ਟੀਮਾਂ ਬਣਾਈਆ ਗਈਆ। ਜਿਸ ਵਿੱਚ ਜ਼ਿਲ੍ਹਾ ਸਵੱਛਤਾ ਪ੍ਰੇਰਕ, ਉਪ ਮੰਡਲ ਇੰਜੀਨੀਅਰ, ਸਹਾਇਕ ਇੰਜੀਨੀਅਰ, ਜੂਨੀਅਰ ਇੰਜੀਨੀਅਰ, ਡਵੀਜ਼ਨਲ ਕੋਆਰਡੀਨੇਟਰ, ਬਲਾਕ ਕੋਆਰਡੀਨੇਟਰ, ਐਕਸ ਸਰਵਿਸ ਮੈਨ, ਮਾਸਟਰ ਮੋਟੀਵੇਟਰ, ਮੋਟੀਵੇਟਰ ਅਤੇ ਪੰਪ ਉਪਰੇਟਰਾਂ ਨੇ ਭਾਗ ਲਿਆ। ਜਿਨ੍ਹਾਂ ਨੇ ਖੁੱਲੇ ਵਿੱਚ ਪਖਾਨੇ ਜਾਂਦੇ ਲੋਕਾਂ ਦੀਆਂ ਲਿਸਟਾਂ ਤਿਆਰ ਕੀਤੀਆ ਗਈਆ ਅਤੇ ਉਨ੍ਹਾਂ ਨੂੰ ਖੁੱਲੇ ਵਿੱਚ ਪਖਾਨੇ ਜਾਣ ਦੇ ਨੁਕਸਾਨ ਅਤੇ ਘਰ ਵਿੱਚ ਪਖਾਨੇ ਬਣਾਕੇ ਵਰਤਣ ਦੇ ਲਾਭ ਬਾਰੇ ਜਾਗਰੂਕ ਕੀਤਾ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੇ 549 ਪਿੰਡਾਂ ਵਿੱਚ ਲਗਭਗ 41000 ਪਖਾਨੇ ਬਣਾਉਣ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਲਗਭਗ 190 ਪਿੰਡਾਂ ਵਿੱਚ ਲਾਭਪਾਤਰੀਆਂ ਵੱਲੋਂ 1900 ਦੇ ਕਰੀਬ ਪਖਾਨੇ ਬਣਾਏ ਜਾ ਚੁੱਕੇ ਹਨ ਅਤੇ ਲਗਭਗ 5500 ਪਖਾਨੇ ਬਣਾਉਣ ਦਾ ਕੰਮ ਜਾਰੀ ਹੈ। ਪਖਾਨੇ ਬਣਾਉਣ ਦੇ ਲਈ ਯੋਗ ਲਾਭਪਾਤਰੀਆਂ ਨੂੰ ਹੁਣ ਤੱਕ ਲਗਭਗ 4 ਕਰੋੜ 66 ਲੱਖ ਰੁਪਏ ਦੀ ਰਾਸ਼ੀ ਆਨਲਾਈਨ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਸਵੱਛ ਭਾਰਤ ਮਿਸ਼ਨ ਤਹਿਤ ਪਿੰਡਾਂ ਦੇ ਲੋੜਵੰਦ ਲੋਕਾਂ ਨੂੰ ਮੁਫ਼ਤ ਪਖਾਨੇ ਬਣਾ ਕੇ ਦਿੱਤੇ ਜਾ ਰਹੇ ਹਨ। ਸਰਕਾਰ ਵੱਲੋਂ ਪਖਾਨੇ ਦੀ ਉਸਾਰੀ ਲਈ 3 ਕਿਸ਼ਤਾਂ ਵਿੱਚ 15000 ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਜਾਂਦੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਪੇਂਡੂ ਖੇਤਰ ਨੂੰ ਖੁੱਲ੍ਹੇ ਵਿੱਚ ਸ਼ੌਚ ਜਾਣ ਤੋਂ ਮੁਕਤ ਕਰਨ ਦੇ ਲਈ ਵਿੱਢੀ ਗਈ ਮੁਹਿੰਮ ਤਹਿਤ ਵੱਖ-ਵੱਖ ਬਲਾਕਾਂ ਦੇ ਪਿੰਡਾਂ ਵਿੱਚ ਪਖਾਨੇ ਬਣਾਉਣ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਜ਼ਿਲ੍ਹੇ ਦੇ 549 ਪਿੰਡਾਂ ’ਚ ਯੋਗ ਲਾਭਪਾਤਰੀਆਂ ਦੇ ਪਖਾਨੇ ਬਣਾਉਣ ਲਈ ਵੈਲੀਡੇਸ਼ਨ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਪੰਚਾਇਤਾਂ ਵੱਲੋਂ ਮਤੇ ਪਾਏ ਜਾ ਚੁੱਕੇ ਹਨ। ਕਰਾਸ ਵੈਲੀਡੇਸ਼ਨ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਰਹਿੰਦੇ ਪਿੰਡਾਂ ਵਿੱਚ ਉਸਾਰੀ ਦਾ ਕੰਮ ਜੰਗੀ ਪੱਧਰ ’ਤੇ ਸ਼ੁਰੂ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਨਿਗਰਾਨ ਕਮੇਟੀਆਂ ਵੀ ਬਣਾਈਆਂ ਗਈਆਂ ਹਨ ਜੋ ਕਿ ਸਵੇਰੇ ਜਲਦੀ ਉੱਠ ਕੇ ਇਹ ਦੇਖ ਰਹੀਆਂ ਹਨ ਕਿ ਪਿੰਡ ਵਿੱਚ ਕੋਈ ਖੁੱਲ੍ਹੇ ਵਿੱਚ ਸ਼ੌਚ ਤਾਂ ਨਹੀਂ ਕਰ ਰਿਹਾ, ਜੇਕਰ ਕੋਈ ਵਿਅਕਤੀ ਖੁੱਲ੍ਹੇ ਵਿੱਚ ਸੌਚ ਕਰ ਰਿਹਾ ਹੋਵੇਗਾ ਤਾਂ ਉਸਨੂੰ ਇਸ ਸਬੰਧੀ ਹੋਣ ਵਾਲੇ ਨੁਕਸਾਨ ਤੋਂ ਜਾਣੂ ਕਰਵਾਕੇ ਜਲਦ ਹੀ ਪਖਾਨੇ ਬਣਾਉਣ ਲਈ ਪ੍ਰੇਰਿਆ ਜਾ ਰਿਹਾ ਹੈ।

---------------